281026_LU_05_Layout 1 10/27/2026 11:08 PM Page 1



ਸਮਾਗਮ ਦੌਰਾਨ ਅਰਦਾਸ ਕਰਦੇ ਹੋਏ ਸੰਤ ਬਾਬਾ ਅਮੀਰ ਸਿੰਘ ਮੁਖੀ ਜਵੱਦੀ ਟਕਸਾਲ ਵਾਲੇ।



ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਕਰਵਾਏ ਸਮਾਗਮ ਦੌਰਾਨ ਰਾਗੀ ਸਿੰਘਾਂ ਦਾ ਸਨਮਾਨ ਕਰਦੇ ਹੋਏ ਸੁਰਿੰਦਰਪਾਲ ਸਿੰਘ ਬਿੰਦਰਾ, ਸੁਖਵਿੰਦਰ ਪਾਲ ਸਿੰਘ ਲਾਲੀ ਸਰਨਾ, ਨਵਪ੍ਰੀਤ ਸਿੰਘ ਬਿੰਦਰਾ, ਅਮਰਜੀਤ ਸਿੰਘ ਟਿੱਕਾ ਤੇ ਹੋਰ।



ਗੁਰਦੁਆਰਾ ਸ੍ਰੀ ਗੁਰੂ ਕਲਗੀਧਰ ਸਿੰਘ ਸਭਾ ਵਿਖੇ ਕਰਵਾਏ ਸਮਾਗਮ ਦੌਰਾਨ ਰਾਗੀ ਸਿੰਘ ਕੀਰਤਨ ਕਰਦੇ ਹੋਏ। ਤਸਵੀਰ-ਸੇਵਕ ਸਿੰਘ

ਧੰਨ-ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਵੱਖ-ਵੱਖ ਗੁਰਦੁਆਰਿਆਂ 'ਚ ਸ਼ਰਧਾਪੂਰਵਕ ਮਨਾਇਆ

* ਵੱਡੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਘਰਾਂ 'ਚ ਭਰੀ ਹਾਜ਼ਰੀ, * ਥਾਂ-ਥਾਂ 'ਤੇ ਲਗਾਏ ਲੰਗਰ

ਲੁਧਿਆਣਾ, 27 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਚੌਥੇ ਪਾਤਿਸ਼ਾਹ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਦਿਹਾੜਾ ਮਹਾਂਨਗਰ ਦੇ ਵੱਖ-ਵੱਖ ਗੁਰਦੁਆਰਿਆਂ 'ਚ ਬੜੇ ਉਤਸ਼ਾਹ ਅਤੇ ਸ਼ਰਧਾਪੂਰਵਕ ਮਨਾਇਆ ਗਿਆ, ਜਿਸ ਵਿਚ ਵੱਡੀ ਗਿਣਤੀ 'ਚ ਸੰਗਤਾਂ ਨੇ ਗੁਰੂ ਘਰ ਹਾਜ਼ਰੀ ਭਰਕੇ ਗੁਰਬਾਣੀ ਕਥਾ ਕੀਰਤਨ ਸੁਣ ਕੇ ਆਪਣਾ ਜੀਵਨ ਸਫਲਾ ਕੀਤਾ। ਸ਼ਹਿਰ ਦੀਆਂ ਵੱਖ-ਵੱਖ ਸਮਾਜ ਸੇਵੀ ਜਥੇਬੰਦੀਆਂ, ਸੇਵਾ ਸੁਸਾਇਟੀਆਂ ਵਲੋਂ ਥਾਂ-ਥਾਂ 'ਤੇ ਕਈ ਤਰ੍ਹਾਂ ਲੰਗਰ ਲਗਾਏ ਗਏ ਅਤੇ ਗੁਰੂ ਘਰਾਂ ਨੂੰ ਰੰਗ-ਬਰੰਗੀਆਂ ਲਾਈਟਾਂ ਨਾਲ ਸਜਾਇਆ ਹੋਇਆ ਸੀ ਅਤੇ ਰਾਤ ਨੂੰ ਸੰਗਤਾਂ ਵਲੋਂ ਦੀਪਮਾਲਾ ਕੀਤੀ ਗਈ।

ਜਵੱਦੀ ਟਕਸਾਲ ਵਿਖੇ ਸਮਾਗਮ

ਜਵੱਦੀ ਟਕਸਾਲ ਵਿਖੇ ਨਿਮਰਤਾ ਦੇ ਪੁੰਜ ਸੇਵਾ ਦੀ ਮਿਸਾਲ ਸਾਂਝੀਵਾਲਤਾ ਦੇ ਪ੍ਰੇਰਕ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਪਾਤਿਸ਼ਾਹ ਨੇ ਮਾਨਵਤਾ ਦੇ ਭਲੇ ਲਈ 30 ਰਾਗਾਂ ਵਿਚ ਬਾਣੀ ਉਚਾਰੀ ਜਿਸ ਰਾਹੀਂ ਉਨ੍ਹਾਂ ਗੁਰਸਿੱਖਾਂ ਨੂੰ ਜੀਵਨ ਜਾਂਚ ਸਿਖਾਈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਨੇ ਗੁਰੂ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸਬੰਧ 'ਚ ਸਜੇ ਦੀਵਾਨ ਵਿਚ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਜੇਕਰ ਕੋਈ ਵਿਕਾਰਾਂ ਦੇ ਜਾਲ ਵਿੱਚੋਂ ਨਿਕਲਣਾ ਚਾਹੁੰਦਾ ਹੋਵੇ ਤਾਂ ਉਹ ਮੁਕਤੀ ਕਿਵੇਂ ਪ੍ਰਾਪਤ ਕਰ ਸਕਦਾ ਹੈ ਆਦਿ ਦਿਨੋ-ਦਿਨ ਵਧਦੀ ਮਾਨਸਿਕ ਅਸ਼ਾਂਤੀ ਨੂੰ ਕਿਵੇਂ ਦੂਰ ਕੀਤਾ ਜਾ ਸਕਦਾ ਹੈ, ਇਹ ਮਸੀਂਅਾ ਦਾ ਹੱਲ ਗੁਰੂ ਸਾਹਿਬ ਜੀ ਨੇ ਗੁਰਬਾਣੀ ਰਾਹੀਂ ਸਮਝਾਉਂਦਿਆਂ ਕਿਹਾ ਕਿ ਪਰਮਾਤਮਾ ਦੇ ਨਾਮ ਦਾ ਸਿਮਰਨ ਹੀ ਸੰਸਾਰ ਸਮੁੰਦਰ ਤੋਂ ਪਾਰ ਲੰਘਾਉਣ ਵਾਲਾ ਅਤੇ ਦੁੱਖਾਂ ਨੂੰ ਨਸ਼ਟ ਕਰਨ ਵਾਲਾ ਹੈ। ਮਹਾਂਪੁਰਸ਼ਾਂ ਨੇ ਸਮਝਾਇਆ ਕਿ ਅੱਜ ਅਸੀਂ ਗਲਤ ਰਸਤੇ ਤੁਰੇ ਜਾ ਰਹੇ ਹਾਂ ਪ੍ਰਭੂ ਦੇ ਨਾਮ ਸਿਮਰਨ ਤੋਂ ਵੱਧ ਫੋਕਟ ਕਰਮਾਂ ਨੂੰ ਮਹੱਤਵ ਦੇਣ ਲੱਗੇ ਹਾਂ ਜਦ ਕਿ ਗੁਰੂ ਸਾਹਿਬ ਜੀ ਨੇ ਸਾਨੂੰ ਸਮਝਾਇਆ ਸੀ ਕਿ ਸਾਰੇ ਤੀਰਥ ਵਰਤ ਯਗ ਅਤੇ ਪੁੰਨ ਦਾਨ ਆਦਿਕ ਇਕੱਠੇ ਮਿਲ ਕੇ ਤੋਲੀਏ ਤਾਂ ਵੀ ਇਹ ਅਕਾਲ ਪੁਰਖ ਦੇ ਨਾਮ ਦੀ ਬਰਾਬਰੀ ਨਹੀਂ ਕਰ ਸਕਦੇ। ਇਸ ਲਈ ਜਿਨ੍ਹਾਂ ਦੇ ਹਿਰਦੇ ਵਿਚ ਨਾਮ ਵਸਦਾ ਹੈ ਉਨ੍ਹਾਂ ਨੂੰ ਲੋਕਾਂ ਦੀ ਮੁਥਾਜੀ ਦੀ ਲੋੜ ਨਹੀਂ ਰਹਿੰਦੀ ਪਰਮਾਤਮਾ ਦੀ ਰਿਹਾ ਨਾਲ ਉਨ੍ਹਾਂ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ। ਬਾਬਾ ਜੀ ਨੇ ਗੁਰਸਿੱਖ ਦੀ ਨਿਤਾ ਪ੍ਰਤੀ ਦੀ ਰਹਿਣੀ ਸਬੰਧੀ ਗੁਰੂ ਸਾਹਿਬ ਜੀ ਦੀ ਬਾਣੀ ਵਿਚਲੇ ਸ਼ਬਦਾਂ ਦੇ ਹਵਾਲੇ ਨਾਲ ਸਮਝਾਇਆ ਕਿ ਹਰਿ-ਨਾਮ ਦਾ ਸਿਮਰਨ, ਗੁਰਬਾਣੀ ਦਾ ਜਾਪ ਕਰੋ। ਫਿਰ ਦਿਨ ਚੜ੍ਹੇ ਸਰਿਗੁਰੂ ਦੀ ਬਾਣੀ ਦਾ ਕੀਰਤਨ ਕਰੋ ਅਤੇ ਸਾਰਾ ਦਿਨ ਕਿਰਤ-ਕਾਰ ਕਰਦੇ ਹੋਏ ਵੀ ਪ੍ਰਭੂ ਨੂੰ ਯਾਦ ਰੱਖੋ। ਨੌਜਵਾਨਾਂ ਲਈ ਨਿਸ਼ਚੇ ਹੀ ਇਸ ਮਾਰਗ ਵਿੱਚ ਆਧੁਨਿਕਤਾ ਅਤੇ ਫੈਸ਼ਨ ਦੇ ਝਾੜ ਖੜੇ ਹਨ ਝੂਠੀ ਸ਼ਾਨ ਦੇ ਟਿਬੇ ਟੋਏ ਹਨ ਅਤੇ ਰਾਗ ਰੰਗ ਦੀ ਦਲਦਲ ਹੈ ਪਰ ਅਸਾਂ ਐਸੇ ਵਾਤਾਵਰਨ ਪੈਦਾ ਕਰਨਾ ਹੈ ਐਸੇ ਪੂਰਨੇ ਪਾਉਣੇ ਹਨ ਕਿ ਨੌਜਵਾਨ ਪੀੜ੍ਹੀ ਪ੍ਰੇਰਨਾ ਲੈ ਕੇ ਇਹ ਜਾਣਦੇ ਸਮਝੇ ਕਿ ਸਿੱਖ ਬਣਨ ਵਿੱਚ ਹੀ ਸਾਡਾ ਮਾਣ ਹੈ ਗੁਰਸਿੱਖੀ ਹੀ ਸਾਡੀ ਸ਼ਾਨ ਹੈ।

ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ

ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਗਿਆ, ਜਿਸ ਵਿਚ ਇਸਤਰੀ ਸਤਿਸੰਗ ਸਭਾ ਸੁਖਮਨੀ ਸਾਹਿਬ ਦੇ ਬੀਬੀਆਂ ਦੇ ਜੱਥੇ ਨੇ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ। ਉਪਰੰਤ ਗ੍ਰੰ: ਸਾਹਿਬ ਦੇ ਹਜੂਰੀ ਰਾਗੀ ਜੱਥਿਆਂ ਤੋਂ ਇਲਾਵਾ ਭਾਈ ਜੋਬਨਪ੍ਰੀਤ ਸਿੰਘ ਆਲਮਗੀਰ ਸਾਹਿਬ, ਬੀਬੀ ਬਲਵਿੰਦਰ ਕੌਰ, ਭਾਈ ਗੁਰਜੋਤ ਸਿੰਘ ਸ਼ਾਹਾਬਾਦ ਵਾਲੇ ਅਤੇ ਭਾਈ ਲਵਦੀਪ ਸਿੰਘ ਦੇ ਜੱਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ। ਸ਼ਾਮ ਦੇ ਸਮਾਗਮਾਂ 'ਚ ਭਾਈ ਹਰਸਿਮਰ ਸਿੰਘ, ਭਾਈ ਜਸਵੰਤ ਸਿੰਘ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅਤੇ ਭਾਈ ਗੁਰਦੇਵ ਸਿੰਘ ਕੌਹਾੜਕਾ ਹਜੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਵਾਲੇ ਗੁਰਬਾਣੀ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਪ੍ਰਧਾਨ ਸੁਰਿੰਦਰਪਾਲ ਸਿੰਘ ਬਿੰਦਰਾ ਅਤੇ ਮੁੱਖ ਸਕੱਤਰ ਸੁਖਵਿੰਦਰ ਪਾਲ ਸਿੰਘ ਲਾਲੀ ਸਰਨਾ ਨੇ ਰਾਗੀ ਜੱਥਿਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕਰਦਿਆਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ। ਸਮਾਗਮ 'ਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ।



ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1 ਦੁੱਗਰੀ ਵਿਖੇ ਕਰਵਾਏ ਸਮਾਗਮ ਦੌਰਾਨ ਭਾਈ ਅਮਰਜੀਤ ਸਿੰਘ ਦੇ ਕੀਰਤਨੀ ਜਥੇ ਨੂੰ ਦਾ ਸਨਮਾਨ ਕਰਦੇ ਹੋਏ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਪਰਮਿੰਦਰ ਸਿੰਘ, ਮਲਕੀਤ ਸਿੰਘ, ਦਰਸ਼ਨ ਸਿੰਘ, ਅਮਰਜੀਤ ਸਿੰਘ। ਤਸਵੀਰ-ਸੇਵਕ ਸਿੰਘ

ਗੁਰਦੁਆਰਾ ਸ੍ਰੀ ਗੁਰੂ ਕਲਗੀਧਰ ਸਿੰਘ ਸਭਾ

ਗੁਰਦੁਆਰਾ ਸ੍ਰੀ ਗੁਰੂ ਕਲਗੀਧਰ ਸਿੰਘ ਸਭਾ ਵਿਖੇ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੇ ਜਨਮ ਦਿਹਾੜੇ ਅਤੇ ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਗੁਰਮਤਿ ਸਮਾਗਮ ਬੜੀ ਸ਼ਰਧਾ ਸਤਿਕਾਰ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਨ੍ਹਾਂ ਸਮਾਗਮ 'ਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਗੁਰੂ ਘਰ ਵਿਖੇ ਹਾਜਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਸਰਵਣ ਕਰਦਿਆਂ ਗੁਰੂ ਚਰਨਾਂ ਨਾਲ ਜੁੜ ਕੇ ਆਪਣਾ ਜੀਵਨ ਸਫਲ ਕੀਤਾ। ਇਸ ਮੌਕੇ ਪੰਥ ਪ੍ਰਸਿੱਧ ਕੀਰਤਨੀਏ ਭਾਈ ਦਵਿੰਦਰ ਸਿੰਘ ਸੁਹਾਣੇ ਵਾਲਿਆਂ ਦੇ ਜੱਥੇ ਨੇ ਮਨੋਹਰ ਇਲਾਹੀ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਿਆ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਗੁਰਮੀਤ ਸਿੰਘ, ਜਰਨਲ ਸਕੱਤਰ ਜਰਨੈਲ ਸਿੰਘ, ਭੁਪਿੰਦਰ ਪਾਲ ਸਿੰਘ ਧਵਨ, ਮਹਿੰਦਰ ਪਾਲ ਸਿੰਘ ਧਵਨ, ਦਰਸ਼ਨ ਸਿੰਘ ਰਾਜੂ, ਸੰਦੀਪ ਸਿੰਘ, ਰਛਪਾਲ ਸਿੰਘ, ਤਰਨਜੀਤ ਸਿੰਘ, ਚਰਨਜੀਤ ਸਿੰਘ, ਤੇਜਿੰਦਰ ਪਾਲ ਸਿੰਘ, ਰਮਨਦੀਪ ਸਿੰਘ ਦੀਪਕ, ਅਮਨਪ੍ਰੀਤ ਸਿੰਘ, ਦਰਸ਼ਨ ਸਿੰਘ ਦਰਸ਼ੀ, ਹਰਸ਼ਰਨ ਸਿੰਘ, ਸੁਰਜੀਤ ਸਿੰਘ, ਹਰਮਿੰਦਰ ਸਿੰਘ ਬਿੱਟੂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜਰ ਸਨ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਫੇਸ-1

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਅਰਬਨ ਅਸਟੇਟ ਫੇਸ-1 ਦੁੱਗਰੀ) ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਚੌਥੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਸਹਿਤ ਮਨਾਇਆ ਗਿਆ। ਸਮਾਗਮ ਦੀ ਸ਼ੁਰੂਆਤ ਸਵੇਰੇ ਅੰਮ੍ਰਿਤ ਵੇਲੇ ਗੁਰਬਾਣੀ ਦੇ ਜਾਪ ਨਾਲ ਹੋਈ। ਸੰਗਤੀ ਰੂਪ ਵਿਚ ਨਿਤਨੇਮ ਅਤੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ, ਉਪਰੰਤ ਪਹਿਲਾਂ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਗੁਰੂ ਘਰ ਦੇ ਹਜੂਰੀ ਰਾਗੀ ਜੱਥੇ ਅਤੇ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਨੇ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਗੁਰੂ-ਜਸ ਨਾਲ ਜੋੜਿਆ। ਸਮਾਗਮ ਦੌਰਾਨ ਪੰਥ ਪ੍ਰਸਿੱਧ ਕਥਾਵਾਚਕ ਭਾਈ ਅੰਮ੍ਰਿਤਪਾਲ ਸਿੰਘ ਜੀ ਭਕਟਾ ਨੇ ਗੁਰੂ ਰਾਮਦਾਸ ਜੀ ਦੇ ਜੀਵਨ-ਦਰਸ਼ਨ ਅਤੇ ਉਪਦੇਸ਼ਾਂ 'ਤੇ ਚਾਨਣਾ ਪਾਉਂਦਿਆਂ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ। ਉਪਰੰਤ ਪੰਥ ਪ੍ਰਸਿੱਧ ਰਾਗੀ ਭਾਈ ਅਮਰਜੀਤ ਸਿੰਘ ਪਟਿਆਲੇ ਵਾਲਿਆਂ ਨੇ ਇਲਾਹੀ ਬਾਣੀ ਦੇ ਮਨੋਹਰ ਕੀਰਤਨ ਰਾਹੀਂ ਹਾਜ਼ਰ ਸੰਗਤਾਂ ਨੂੰ ਕੀਲਿਆ। ਸਮਾਗਮ 'ਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਪਰਿਵਾਰਾਂ ਸਮੇਤ ਹਾਜ਼ਰੀ ਭਰੀ ਅਤੇ ਕਥਾ-ਕੀਰਤਨ ਦਾ ਆਨੰਦ ਮਾਣਿਆ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ, ਮਲਕੀਤ ਸਿੰਘ, ਦਰਸ਼ਨ ਸਿੰਘ, ਅਮਰਜੀਤ ਸਿੰਘ ਅਤੇ ਪਰਮਿੰਦਰ ਸਿੰਘ ਵਲੋਂ ਕਥਾਵਾਚਕ ਭਾਈ ਅੰਮ੍ਰਿਤਪਾਲ ਸਿੰਘ ਭਕਟਾ ਅਤੇ ਭਾਈ ਅਮਰਜੀਤ ਸਿੰਘ ਪਟਿਆਲੇ ਵਾਲਿਆਂ ਨੂੰ ਗੁਰੂ ਘਰ ਦੀ ਬਖ਼ਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ। ਅਰਦਾਸ ਅਤੇ ਮੁੱਖਵਾਕ ਉਪਰੰਤ ਸੰਗਤਾਂ ਵਿਚ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ। ਸਮਾਗਮ 'ਚ ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਯਸ਼ਪਾਲ ਸਿੰਘ, ਕਰਤਾਰ ਸਿੰਘ ਬਰਾੜ, ਚਰਨਜੀਤ ਸਿੰਘ ਪਾਇਲ, ਬਲਵੀਰ ਸਿੰਘ, ਗੁਰਦੀਪ ਸਿੰਘ ਕਾਲੜਾ, ਮਲਕੀਤ ਸਿੰਘ, ਸਰਬਜੀਤ ਸਿੰਘ ਝੰਗੜ, ਦਰਸ਼ਨ ਸਿੰਘ, ਤਰਲੋਕ ਸਿੰਘ ਸੱਚਦੇਵਾ, ਤਰਲੋਕ ਸਿੰਘ, ਪਰਮਜੀਤ ਸਿੰਘ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।



ਸੁੰਦਰ ਨਗਰ ਵਿਖੇ ਹੌਜ਼ਰੀ ਫ਼ੈਕਟਰੀ 'ਚ ਲੱਗੀ ਅੱਗ ਦਾ ਦ੍ਰਿਸ਼। ਅਜੀਤ ਤਸਵੀਰ

ਸੁੰਦਰ ਨਗਰ ਵਿਖੇ ਹੌਜ਼ਰੀ ਫ਼ੈਕਟਰੀ 'ਚ ਲੱਗੀ ਭਿਆਨਕ ਅੱਗ

ਲੁਧਿਆਣਾ, 27 ਅਕਤੂਬਰ (ਭੁਪਿੰਦਰ ਸਿੰਘ ਬੈਂਸ)-ਸ਼ਹਿਰ ਦੇ ਸੁੰਦਰ ਨਗਰ ਇਲਾਕੇ 'ਚ ਮੰਗਲਵਾਰ ਸਵੇਰੇ ਉਸ ਸਮੇਂ ਹਫੜਾ-ਦਫੜੀ ਮੱਚ ਗਈ, ਜਦੋਂ ਇਕ ਹੌਜ਼ਰੀ ਫ਼ੈਕਟਰੀ 'ਚ ਅਚਾਨਕ ਅੱਗ ਭੜਕ ਉਠੀ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਫ਼ੈਕਟਰੀ ਦੇ ਗਰਾਊਂਡ ਫਲੋਰ ਸਮੇਤ ਪਹਿਲੀ ਅਤੇ ਦੂਜੀ ਮੰਜ਼ਿਲ ਨੂੰ ਆਪਣੀ ਲਪੇਟ 'ਚ ਲੈ ਲਿਆ। ਹਾਲਾਂਕਿ ਉਪਰਲੀਆਂ ਦੋ ਮੰਜ਼ਿਲਾਂ ਤੱਕ ਅੱਗ ਨਹੀਂ ਪੁੱਜ ਸਕੀ। ਜਾਣਕਾਰੀ ਅਨੁਸਾਰ ਲਾਮੋਛ ਹੌਜ਼ਰੀ 'ਚ ਸਰਦੀਆਂ ਦੇ ਕੱਪੜੇ ਅਤੇ ਹੋਰ ਹੌਜ਼ਰੀ ਦੇ ਸਾਮਾਨ ਤਿਆਰ ਕੀਤੇ ਜਾਂਦੇ ਹਨ। ਘਟਨਾ ਸਮੇਂ ਫ਼ੈਕਟਰੀ ਬੰਦ ਸੀ। ਸਵੇਰੇ ਅਚਾਨਕ ਫ਼ੈਕਟਰੀ 'ਚੋਂ ਧੂੰਆਂ ਉਠਦਾ ਦੇਖ ਕੇ ਆਸਪਾਸ ਦੇ ਲੋਕਾਂ ਨੇ ਤੁਰੰਤ ਇਸ ਦੀ ਸੂਚਨਾ ਹੌਜ਼ਰੀ ਮਾਲਕ ਨੂੰ ਦਿੱਤੀ। ਸੂਚਨਾ ਮਿਲਦੇ ਹੀ ਮਾਲਕ ਮੌਕੇ 'ਤੇ ਪਹੁੰਚਿਆ ਤਾਂ ਫ਼ੈਕਟਰੀ ਅੰਦਰ ਅੱਗ ਨੇ ਭਿਆਨਕ ਰੂਪ ਧਾਰਨ ਕੀਤਾ ਹੋਇਆ ਸੀ। ਇਸ ਦੌਰਾਨ ਫਾਇਰ ਬ੍ਰਿਗੇਡ ਦੇ ਅਮਲੇ ਨੂੰ ਸੂਚਿਤ ਕੀਤਾ ਗਿਆ, ਜਿਸ ਨੇ ਮੌਕੇ 'ਤੇ ਪੁੱਜ ਕੇ ਅੱਗ ਬੁਝਾਉਣ ਦੀ ਕਾਰਵਾਈ ਸ਼ੁਰੂ ਕੀਤੀ। ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਕਾਫ਼ੀ ਮਸ਼ੱਕਤ ਮਗਰੋਂ ਅੱਗ 'ਤੇ ਕਾਬੂ ਪਾ ਲਿਆ ਅਤੇ ਇਸ ਨੂੰ ਹੋਰ ਹਿੱਸਿਆ 'ਚ ਫੈਲਣ ਤੋਂ ਰੋਕ ਲਿਆ। ਅੱਗ ਕਾਰਨ ਫ਼ੈਕਟਰੀ ਅੰਦਰ ਪਿਆ ਹੌਜ਼ਰੀ ਦਾ ਸਾਮਾਨ ਅਤੇ ਹੋਰ ਸਾਮਾਨ ਸੜਨ ਕਾਰਨ ਲੱਖਾਂ ਰੁਪਏ ਦੇ ਨੁਕਸਾਨ ਦਾ ਅਨੁਮਾਨ ਲਗਾਇਆ ਜਾ ਰਿਹਾ ਹੈ। ਫ਼ਿਲਹਾਲ ਅੱਗ ਲੱਗਣ ਦੇ ਕਾਰਨਾਂ ਦਾ ਸਪਸ਼ਟ ਪਤਾ ਨਹੀਂ ਲੱਗ ਸਕਿਆ। ਸਬੰਧਿਤ ਵਿਭਾਗ ਵਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਜਾਂਚ ਤੋਂ ਬਾਅਦ ਹੀ ਅੱਗ ਲੱਗਣ ਦੇ ਕਾਰਨ ਦਾ ਪਤਾ ਲੱਗ ਸਕੇਗਾ।

> * ਗਰਾਊਂਡ ਫਲੋਰ ਸਮੇਤ ਦੋ ਮੰਜ਼ਿਲਾਂ ਸੜੀਆਂ * ਲੱਖਾਂ ਰੁਪਏ ਦੇ ਨੁਕਸਾਨ ਦਾ ਅਨੁਮਾਨ * ਫਾਇਰ ਬ੍ਰਿਗੇਡ ਨੇ ਭਾਰੀ ਮਸ਼ੱਕਤ ਮਗਰੋਂ ਪਾਇਆ ਕਾਬੂ

ਲੱਖਾਂ ਰੁਪਏ ਮੁੱਲ ਦੀ ਹੈਰੋਇਨ ਸਮੇਤ ਔਰਤ ਕਾਬੂ

ਲੁਧਿਆਣਾ, 27 ਅਕਤੂਬਰ (ਪਰਮਿੰਦਰ ਸਿੰਘ ਆਹੂਜਾ)-ਲੁਧਿਆਣਾ ਪੁਲਿਸ ਨੇ ਸਥਾਨਕ ਗੁਰੂ ਅਰਜਨ ਦੇਵ ਨਗਰ ਸਥਿਤ ਇਕ ਘਰ ਵਿਚ ਛਾਪਾਮਾਰੀ ਕਰਕੇ ਔਰਤ ਨੂੰ ਕਾਬੂ ਕੀਤਾ ਹੈ। ਉਸ ਦੇ ਕਬਜ਼ੇ ਵਿਚੋਂ 50 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਮੌਕੇ 'ਤੇ ਪੁਲਿਸ ਨੇ 7 ਵਿਅਕਤੀਆਂ ਨੂੰ ਨਸ਼ਾ ਕਰਦੇ ਵੀ ਕਾਬੂ ਕੀਤਾ ਹੈ। ਸੀ.ਆਈ.ਏ. ਸਟਾਫ਼ ਅਤੇ ਥਾਣਾ ਡਿਵੀਜ਼ਨ ਨੰਬਰ ਸੱਤ ਦੀ ਪੁਲਿਸ ਵਲੋਂ ਸਾਂਝੇ ਤੌਰ